ਕਲਿਆਨ ਮਹਲਾ ੫ ॥ ਮਨਿ ਤਨਿ ਜਾਪੀਐ ਭਗਵਾਨ ॥ ਗੁਰ ਪੂਰੇ ਸੁਪ੍ਰਸੰਨ ਭਏ ਸਦਾ ਸੂਖ ਕਲਿਆਨ ॥੧॥ ਰਹਾਉ ॥ ਸਰਬ ਕਾਰਜ ਸਿਧਿ ਭਏ ਗਾਇ ਗੁਨ ਗੁਪਾਲ ॥ ਮਿਲਿ ਸਾਧਸੰਗਤਿ ਪ੍ਰਭੂ ਸਿਮਰੇ ਨਾਠਿਆ ਦੁਖ ਕਾਲ ॥ ੧॥ ਕਰਿ ਕਿਰਪਾ ਪ੍ਰਭ ਮੇਰਿਆ ਕਰਉ ਦਿਨੁ ਰੈਨਿ ਸੇਵ ॥ ਨਾਨਕ ਦਾਸ ਸਰਣਾਗਤੀ ਹਰਿ ਪੁਰਖ ਪੂਰਨ ਦੇਵ ॥੨॥੫॥੮॥ {ਪੰਨਾ 1322}

ਪਦ ਅਰਥ:- ਮਨਿ—ਮਨ ਵਿਚ। ਤਨਿ—ਤਨ ਵਿਚ, ਹਿਰਦੇ ਵਿਚ। ਜਾਪੀਐ—ਜਪਣਾ ਚਾਹੀਦਾ ਹੈ। ਸੁਪ੍ਰਸੰਨ—ਬਹੁਤ ਦਿਆਲ। ਕਲਿਆਨ—ਸੁਖ, ਆਨੰਦ।1। ਰਹਾਉ।

ਸਿਧਿ—ਸਫਲਤਾ। ਗਾਇ—ਗਾ ਕੇ। ਮਿਲਿ—ਮਿਲ ਕੇ। ਨਾਠਿਆ—ਨੱਸ ਗਏ। ਦੁਖ ਕਾਲ—ਮੌਤ ਦੇ ਦੁੱਖ, ਆਤਮਕ ਮੌਤ ਦੇ ਦੁੱਖ।1।

ਪ੍ਰਭ—ਹੇ ਪ੍ਰਭੂ! ਕਰਉ—ਕਰਉਂ, ਮੈਂ ਕਰਦਾ ਰਹਾਂ। ਰੈਨਿ—ਰਾਤ। ਸੇਵ—ਸੇਵਾ-ਭਗਤੀ। ਸਰਣਾਗਤੀ—ਸਰਨ ਆਇਆ ਹੈ। ਹਰਿ—ਹੇ ਹਰੀ! ਪੂਰਨ ਦੇਵ—ਹੇ ਸਰਬਗੁਣ-ਭਰਪੂਰ ਦੇਵ!।2।

ਅਰਥ:- ਹੇ ਭਾਈ! ਮਨ ਵਿਚ ਹਿਰਦੇ ਵਿਚ (ਸਦਾ) ਭਗਵਾਨ (ਦਾ ਨਾਮ) ਜਪਦੇ ਰਹਿਣਾ ਚਾਹੀਦਾ ਹੈ। ਹੇ ਭਾਈ! (ਜਿਸ ਮਨੁੱਖ ਉੱਤੇ) ਪੂਰੇ ਸਤਿਗੁਰੂ ਜੀ ਦਇਆਲ ਹੁੰਦੇ ਹਨ (ਉਹ ਮਨੁੱਖ ਭਗਵਾਨ ਦਾ ਨਾਮ ਜਪਦਾ ਹੈ, ਜਿਸ ਦੀ ਬਰਕਤਿ ਨਾਲ ਉਸ ਦੇ ਅੰਦਰ) ਸਦਾ ਸੁਖ ਆਨੰਦ (ਬਣਿਆ ਰਹਿੰਦਾ ਹੈ)।1। ਰਹਾਉ।

ਹੇ ਭਾਈ! ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੇ ਗੁਣ ਗਾ ਕੇ (ਮਨੁੱਖ ਨੂੰ ਆਪਣੇ) ਸਾਰੇ ਕੰਮਾਂ ਦੀ ਸਫਲਤਾ ਪ੍ਰਾਪਤ ਹੋ ਜਾਂਦੀ ਹੈ। ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਮਿਲ ਕੇ ਪ੍ਰਭੂ ਜੀ ਦਾ ਨਾਮ ਸਿਮਰਿਆ ਉਸ ਦੇ ਆਤਮਕ ਮੌਤ ਤੋਂ ਪੈਦਾ ਹੋਣ ਵਾਲੇ ਸਾਰੇ ਦੁੱਖ ਨਾਸ ਹੋ ਜਾਂਦੇ ਹਨ।1।

ਹੇ ਦਾਸ ਨਾਨਕ! (ਆਖ—) ਹੇ ਮੇਰੇ ਪ੍ਰਭੂ! ਹੇ ਹਰੀ! ਹੇ ਪੁਰਖ! ਹੇ ਸਰਬ-ਗੁਣ ਭਰਪੂਰ ਦੇਵ! ਮੈਂ ਤੇਰੀ ਸਰਨ ਆਇਆ ਹਾਂ; ਮਿਹਰ ਕਰ, ਦਿਨ ਰਾਤ ਮੈਂ ਤੇਰੀ ਭਗਤੀ ਕਰਦਾ ਰਹਾਂ।2।5।8।